# Telephone Conversation between PM and President of the Republic of South Africa

April 17, 2020

# ਪ੍ਰਧਾਨ ਮੰਤਰੀ ਅਤੇ ਦੱਖਣੀ ਅਫਰੀਕੀ ਗਣਤੰਤਰ ਦੇ ਰਾਸ਼ਟਰਪਤੀ ਦਰਮਿਆਨ ਟੈਲੀਫੋਨ 'ਤੇ ਗੱਲਬਾਤ

17 ਅਪ੍ਰੈਲ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਦੱਖਣੀ ਅਫਰੀਕੀ ਗਣਤੰਤਰ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਸਿਰਿਲ ਰਾਮਾਫੋਸਾ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਨਾਂ ਆਗੂਆਂ ਨੇ ਕੋਵਿਡ -19 ਮਹਾਂਮਾਰੀ ਤੋਂ ਉਪਜੀਆਂ ਘਰੇਲੂ, ਖੇਤਰੀ ਅਤੇ ਕੌਮਾਂਤਰੀ ਚੁਣੌਤੀਆਂ ਬਾਰੇ ਗੱਲਬਾਤ ਕੀਤੀ। ਉਨ੍ਹਾਂ ਨੇ ਆਪੋ ਆਪਣੀਆਂ ਸਰਕਾਰਾਂ ਵੱਲੋਂ ਆਪਣੇ ਲੋਕਾਂ ਦੀ ਸਿਹਤ ਦੀ ਰੱਖਿਆ ਕਰਨ ਅਤੇ ਬੀਮਾਰੀ ਦੇ ਆਰਥਿਕ ਪ੍ਰਭਾਵਾਂ ਨੂੰ ਘੱਟ ਕਰਨ ਲਈ ਚੁੱਕੇ ਜਾ ਰਹੇ ਕਦਮਾਂ ਬਾਰੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਭਰੋਸਾ ਦਿਵਾਇਆ ਕਿ ਇਸ ਔਖੇ ਸਮੇਂ ਦੌਰਾਨ ਭਾਰਤ ਦੱਖਣੀ ਅਫ੍ਰੀਕਾ ਨੂੰ ਜ਼ਰੂਰੀ ਦਵਾਈਆਂ ਦੀ ਸਪਲਾਈ ਯਕੀਨੀ ਬਣਾਉਣ ਲਈ ਹਰ ਮੁਮਕਿਨ ਮਦਦ ਦੇਵੇਗਾ।

ਪ੍ਰਧਾਨ ਮੰਤਰੀ ਨੇ ਇਸ ਮਹਾਂਮਾਰੀ ਖਿਲਾਫ ਮਹਾਂਦ੍ਵੀਪ ਵੱਲੋਂ ਪ੍ਰਤੀਕਰਮ ਦੇਣ ਲਈ ਅਫਰੀਕੀ ਯੂਨੀਅਨ ਦੇ ਮੌਜੂਦਾ ਪ੍ਰਧਾਨ ਵਜੋਂ ਰਾਸ਼ਟਰਪਤੀ ਰਾਮਾਫੋਸਾ ਦੁਆਰਾ ਤਾਲਮੇਲ ਵਿੱਚ ਨਿਭਾਈ ਜਾ ਰਹੀ ਸਰਗਰਮ ਭੂਮਿਕਾ ਦੀ ਸ਼ਲਾਘਾ ਕੀਤੀ। ਭਾਰਤ ਅਤੇ ਅਫਰੀਕਾ ਦਰਮਿਆਨ ਸਦੀਆਂ ਪੁਰਾਣੀ ਦੋਸਤੀ ਅਤੇ ਲੋਕਾਂ ਦੇ ਪੱਧਰ ਤੇ ਵਟਾਂਦਰੇ ਦੀ ਗੱਲ ਕਰਦੇ ਹੋਏ ਪ੍ਰਧਾਨ ਮੰਤਰੀ ਨੇ ਇਸ ਵਾਇਰਸ ਖ਼ਿਲਾਫ਼ ਜੰਗ ਵਿੱਚ ਅਫਰੀਕਾ ਦੀਆਂ ਕੋਸ਼ਿਸ਼ਾਂ ਪ੍ਰਤੀ ਭਾਰਤ ਦੇ ਪੂਰਨ ਸਮਰਥਨ ਦਾ ਇਜ਼ਹਾਰ ਕੀਤਾ।

ਨਵੀਂ ਦਿੱਲੀ
17 ਅਪ੍ਰੈਲ, 2020

DISCLAIMER: This is an approximate translation. The original is available in English on MEA’s website and may be referred to as the official press release.